# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :31-10-2025**

ਰਾਸ਼ਟਰ ਅੱਜ ਲੋਹ ਪੁਰਸ਼ ਸਰਦਾਰ ਵੱਲਭਭਾਈ ਪਟੇਲ ਨੂੰ ਉਨ੍ਹਾਂ ਦੀ 150ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ। ਇਸ ਦਿਨ ਨੂੰ ਰਾਸ਼ਟਰੀ ਏਕਤਾ ਦਿਵਸ ਵਜੋਂ ਵੀ ਮਨਾਇਆ ਜਾਂਦਾ ਏ । ਹਰ ਸਾਲ 31 ਅਕਤੂਬਰ ਨੂੰ ਸਰਦਾਰ ਵੱਲਭਭਾਈ ਪਟੇਲ ਦੀ ਜਯੰਤੀ ਮਨਾਈ ਜਾਂਦੀ ਏ। ਸਰਦਾਰ ਪਟੇਲ ਨੇ ਭਾਰਤ ਦੇ ਆਜ਼ਾਦੀ ਸੰਗਰਾਮ ਵਿੱਚ, ਵਡਮੁੱਲੀ ਭੂਮਿਕਾ ਨਿਭਾਈ ਅਤੇ ਉਹ ਦੇਸ਼ ਦੇ ਪਹਿਲੇ ਉਪ ਪ੍ਰਧਾਨ ਮੰਤਰੀ ਅਤੇ ਗ੍ਰਿਹ ਮੰਤਰੀ ਵੀ ਰਹੇ।

-----------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਇੱਕਜੁੱਟ ਹੋਣ ਅਤੇ ਦੇਸ਼ ਦੀ ਤਰੱਕੀ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਦੀ ਅਪੀਲ ਕੀਤੀ । ਸ਼੍ਰੀ ਮੋਦੀ ਨੇ ਕਿਹਾ ਕਿ ਇਸ ਨਾਲ ਵਿਕਸਤ ਭਾਰਤ ਦਾ ਸੁਪਨਾ ਸਾਕਾਰ ਹੋਵੇਗਾ । ਸਰਦਾਰ ਵੱਲਭ ਭਾਈ ਪਟੇਲ ਦੀ 150ਵੀਂ ਜਯੰਤੀ ਦੇ ਮੌਕੇ 'ਤੇ ਏਕਤਾ ਨਗਰ ਵਿੱਚ ਆਯੋਜਿਤ ਰਾਸ਼ਟਰੀ ਏਕਤਾ ਦਿਵਸ ਸਮਾਰੋਹ

ਵਿੱਚ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ
।
BYTE
ਸ਼੍ਰੀ ਮੋਦੀ ਨੇ ਹਰੇਕ ਨਾਗਰਿਕ ਨੂੰ ਏਕਤਾ ਨੂੰ ਰਾਸ਼ਟਰੀ ਤਾਕਤ ਦਾ ਮੰਤਰ ਬਣਾਉਣ ਅਤੇ ਸਰਦਾਰ ਪਟੇਲ ਦੇ ਦ੍ਰਿਸ਼ਟੀਕੋਣ ਨੂੰ ਯਾਦ ਰੱਖਣ ਅਤੇ ਇੱਕ ਮਜ਼ਬੂਤ, ਵਿਕਸਤ ਅਤੇ ਸਾਂਝੇ ਭਾਰਤ ਲਈ ਇਕੱਠੇ ਕੰਮ ਕਰਨ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨੇ ਦਿਨ ਦੀ ਸ਼ੁਰੂਆਤ ਸਟੈਚੂ ਆਫ਼ ਯੂਨਿਟੀ 'ਤੇ ਫੁੱਲ ਭੇਟ ਕਰਕੇ ਕੀਤੀ। ਇਸ ਮੌਕੇ 'ਤੇ, ਉਨ੍ਹਾਂ ਨੇ ਏਕਤਾ ਦਿਵਸ ਦੀ ਸਹੁੰ ਚੁਕਾਈ। ਪ੍ਰਧਾਨ ਮੰਤਰੀ ਨੇ ਸ਼ਾਨਦਾਰ ਏਕਤਾ ਦਿਵਸ ਪਰੇਡ ਵੀ ਦੇਖੀ ਜਿਸ ਵਿੱਚ ਬੀ.ਐਸ.ਐਫ, ਸੀ.ਆਰ.ਪੀ.ਐਫ ਅਤੇ ਵੱਖ-ਵੱਖ ਰਾਜ ਪੁਲਿਸ ਬਲਾਂ ਦੀਆਂ ਟੁਕੜੀਆਂ ਨੇ 'ਅਨੇਕਤਾ ਵਿੱਚ ਏਕਤਾ' ਦੇ ਥੀਮ ਨੂੰ ਦਰਸਾਉਂਦੀਆਂ 10 ਝਾਕੀਆਂ ਪੇਸ਼ ਕੀਤੀਆਂ। ਭਾਰਤੀ ਹਵਾਈ ਸੈਨਾ ਦੀ ਵੱਕਾਰੀ 'ਸੂਰਿਆ ਕਿਰਨ' ਟੀਮ ਵਲੋਂ ਇੱਕ ਸ਼ਾਨਦਾਰ ਏਅਰ ਸ਼ੋਅ ਪੇਸ਼ ਕੀਤਾ ਗਿਆ, ਜਿਸ ਵਿੱਚ ਅਸਮਾਨ ਵਿੱਚ ਤਿਰੰਗੇ ਦੀ ਬਹਾਦਰੀ ਅਤੇ ਹਿੰਮਤ ਦਾ ਪ੍ਰਦਰਸ਼ਨ ਕੀਤਾ ਗਿਆ।

---

ਰਾਸ਼ਟਰੀ ਏਕਤਾ ਦਿਵਸ ਮਨਾਉਣ ਲਈ, ਚੰਡੀਗੜ੍ਹ ਵਿਖੇ ਇੱਕ ਰਾਜ ਪੱਧਰੀ ਪੈਦਲ ਯਾਤਰਾ ਦਾ ਆਯੋਜਨ ਕੀਤਾ ਗਿਆ , ਜਿਸਦੀ ਅਗਵਾਈ

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕੀਤੀ। ਪੈਦਲ ਯਾਤਰਾ ਵਿੱਚ ਸੈਂਕੜੇ ਵਿਦਿਆਰਥੀਆਂ ਅਤੇ ਐਨ.ਸੀ.ਸੀ. ਕੈਡਿਟਾਂ ਨੇ ਹਿੱਸਾ ਲਿਆ। ਜਲੰਧਰ ਅਤੇ ਪਠਾਨਕੋਟ ਸਮੇਤ ਸੂਬੇ ਦੀਆਂ ਹੋਰਨਾਂ ਥਾਵਾਂ 'ਤੇ ਵੀ ਇਸੇ ਤਰ੍ਹਾਂ ਦੇ ਮਾਰਚ ਕੱਢੇ ਗਏ। ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੀ ਜਲੰਧਰ ਇਕਾਈ, ਕੇਂਦਰੀ ਸੰਚਾਰ ਬਿਊਰੋ ਨੇ, ਦੋਆਬਾ ਕਾਲਜ, ਜਲੰਧਰ ਵਿੱਚ ਰਾਸ਼ਟਰੀ ਏਕਤਾ ਦਿਵਸ 'ਤੇ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਜਿਸ ਵਿੱਚ ਵਿਦਿਆਰਥੀਆਂ ਨੂੰ ਏਕਤਾ ਦੀ ਸਹੁੰ ਵੀ ਚੁਕਾਈ ਗਈ। ਓਧਰ ਫਿਰੋਜ਼ਪੁਰ ਡਿਵੀਜ਼ਨ ਨੇ ਵੀ ਅੱਜ "ਏਕਤਾ ਲਈ ਦੌੜ" ਦਾ ਆਯੋਜਨ ਕੀਤਾ। ਡਵੀਜ਼ਨਲ ਰੇਲਵੇ ਮੈਨੇਜਰ ਸੰਜੀਵ ਕੁਮਾਰ ਦੀ ਅਗਵਾਈ ਵਿੱਚ 100 ਤੋਂ ਵੱਧ ਅਧਿਕਾਰੀਆਂ, ਕਰਮਚਾਰੀਆਂ ਅਤੇ ਰੇਲਵੇ ਸੁਰੱਖਿਆ ਬਲ ਦੇ ਕਰਮਚਾਰੀਆਂ ਨੇ ਰੇਲਵੇ ਸਟੇਡੀਅਮ, ਫ਼ਿਰੋਜ਼ਪੁਰ ਵਿਖੇ ਦੌੜ ਕੇ "ਏਕਤਾ ਲਈ ਦੌੜ" ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।

---------------------------------------------------------------------

ਅੰਮ੍ਰਿਤਸਰ ਕਾਊਂਟਰ ਇੰਟੈਲੀਜੈਂਸ ਨੇ ਸਰਹੱਦ ਪਾਰੋਂ ਚਲ ਰਹੀ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇਸਦੇ ਤਿੰਨ ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਏ।

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਪੁਲਿਸ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਮੈਗਜ਼ੀਨਾਂ ਸਮੇਤ ਨੌਂ ਪਿਸਤੌਲ ਬਰਾਮਦ ਕੀਤੇ ਨੇ ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਦਵਿੰਦਰ ਸਿੰਘ, ਪਰਮਜੀਤ ਸਿੰਘ ਉਰਫ਼ ਪੰਮਾ ਅਤੇ ਹਰਮੀਤ ਸਿੰਘ ਉਰਫ਼ ਮੀਤੂ ਵਜੋਂ ਹੋਈ ਏ । ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨ ਅਧਾਰਤ ਤਸਕਰ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਬਰਾਮਦ ਕੀਤੇ ਗਏ ਹਥਿਆਰ ਪੰਜਾਬ ਵਿੱਚ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਤੇਜ਼ ਕਰਨ ਲਈ ਨਾਮੀ ਗੈਂਗਸਟਰ ਜੋਬਨਜੀਤ ਸਿੰਘ ਉਰਫ਼ ਬਿੱਲਾ ਮੰਗਾ ਦੇ ਕਰੀਬੀ ਸਾਥੀ ਸ਼ੇਰਪ੍ਰੀਤ ਸਿੰਘ ਉਰਫ਼ ਗੁਲਾਬਾ ਨੂੰ ਸਪਲਾਈ ਕੀਤੇ ਜਾਣੇ ਸਨ।

ਅਗਲੇਰੀ ਜਾਂਚ ਜਾਰੀ ਏ ।

------------------------------------------------------------------

ਪਟਿਆਲਾ ਦੀ ਸਰਹਿੰਦ ਸੜਕ 'ਤੇ ਅੱਜ ਸਵੇਰੇ ਕਰੀਬ ਸਾਢੇ 6 ਵਜੇ ਇਕ ਸਰਕਾਰੀ ਬੱਸ ਤੇ ਟਰੱਕ ਵਿਚਕਾਰ ਟੱਕਰ ਕਾਰਨ ਵਾਪਰੇ ਹਾਦਸੇ ਵਿੱਚ ਬੱਸ ਦੇ ਕੰਡਕਟਰ ਤੇ ਟਰੱਕ ਡਰਾਈਵਰ ਦੀ ਮੌਤ ਹੋ ਗਈ ਜਦੋਂਕਿ ਕਈ ਸਵਾਰੀਆਂ ਜ਼ਖਮੀ ਹੋਈਆਂ ਨੇ । ਸਾਢੇ ਪੱਤਰਕਾਰ ਨੇ ਦਸਿਆ ਕਿ ਹਾਦਸੇ ਦੀ ਖ਼ਬਰ ਮਿਲਦਿਆਂ ਹੀ ਆਸ ਪਾਸ ਦੇ ਲੋਕ ਮੌਕੇ

'ਤੇ ਪਹੁੰਚੇ ਤੇ ਜਖਮੀਆਂ ਨੂੰ ਪਟਿਆਲਾ ਦੇ ਸਰਕਾਰੀ ਰਜਿੰਦਰਾ ਹਸਪਤਾਲ ਭੇਜਿਆ ਗਿਆ ।

---------------------------------------------------------------------------------

ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ, ਖੇਡੇ ਜਾ ਰਹੇ 42ਵੇਂ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ, ਕੱਲ੍ਹ ਇੰਡੀਅਨ ਆਇਲ-ਮੁੰਬਈ ਅਤੇ ਭਾਰਤ ਪੈਟਰੋਲੀਅਮ-ਮੁੰਬਈ ਦੀਆਂ ਟੀਮਾਂ ਸੈਮੀਫਾਈਨਲ ਵਿੱਚ ਪਹੁੰਚ ਗਈਆਂ ਨੇ । ਕੁਆਰਟਰ ਫਾਈਨਲ ਵਿੱਚ, ਭਾਰਤ ਪੈਟਰੋਲੀਅਮ-ਮੁੰਬਈ ਨੇ ਪੈਨਲਟੀ ਸ਼ੂਟਆਊਟ ਵਿੱਚ ਆਰਮੀ-ਇਲੈਵਨ ਦਿੱਲੀ ਨੂੰ 3-0 ਨਾਲ ਹਰਾਇਆ ਜਦੋਂ ਕਿ ਇੰਡੀਅਨ ਆਇਲ ਮੁੰਬਈ ਨੇ ਪੈਨਲਟੀ ਸ਼ੂਟਆਊਟ ਵਿੱਚ ਪੰਜਾਬ ਪੁਲਿਸ ਨੂੰ 4-3 ਨਾਲ ਹਰਾਇਆ।

ਟੂਰਨਾਮੈਂਟ ਦੇ ਸੈਮੀ-ਫਾਈਨਲ ਮੈਚਾਂ ਵਿੱਚ ਅੱਜ ਇੰਡੀਅਨ ਨੇਵੀ-ਮੁੰਬਈ ਦਾ ਮੁਕਾਬਲਾ ਰੇਲਵੇ-ਦਿੱਲੀ ਨਾਲ ਅਤੇ ਭਾਰਤ ਪੈਟਰੋਲੀਅਮ-ਮੁੰਬਈ ਦਾ ਮੁਕਾਬਲਾ ਇੰਡੀਅਨ ਆਇਲ-ਮੁੰਬਈ ਨਾਲ ਹੋਵੇਗਾ। ਫਾਈਨਲ ਮੁਕਾਬਲਾ ਸ਼ਨੀਚਰਵਾਰ ਨੂੰ ਖੇਡਿਆ ਜਾਵੇਗਾ। ਆਕਾਸ਼ਵਾਣੀ ਫਾਈਨਲ ਮੈਚ ਦੇ ਅੱਖੀਂ ਢੀਠਾਂ ਹਾਲ ਹਿੰਦੀ ਅਤੇ ਅੰਗਰੇਜ਼ੀ ਵਿੱਚ ਵਾਰੋ-ਵਾਰੀ ਸ਼ਾਮ 7 ਵੱਜਕੇ 10 ਵਜੇ ਤੋਂ ਮੈਚ ਦੇ ਅਖੀਰ ਤੱਕ ਪ੍ਰਸਾਰਿਤ ਕਰੇਗਾ। ਇਹ ਐਫ.ਐਮ ਰੇਨਬੋ ਨੈੱਟਵਰਕ ਅਤੇ ਹੋਰ ਫ੍ਰੀਕੁਐਂਸੀ, ਡੀ.ਟੀ.ਐਚ

ਪਲੇਟਫਾਰਮ, ਆਕਾਸ਼ਵਾਣੀ ਦੇ ਮੋਬਾਈਲ ਐਪ ਅਤੇ ਪ੍ਰਸਾਰ ਭਾਰਤੀ ਦੇ ਯੂ-ਟਿਊਬ ਸਪੋਰਟਸ ਚੈਨਲ 'ਤੇ ਵੀ ਪ੍ਰਸਾਰਿਤ ਕੀਤਾ ਜਾਵੇਗਾ।

--------------------------------------------------------------------------

ਆਈ.ਸੀ.ਸੀ ਮਹਿਲਾ ਇੱਕ ਰੋਜ਼ਾ ਵਿਸ਼ਵ ਕੱਪ ਵਿੱਚ ਭਾਰਤ ਨੇ ਬੀਤੀ ਰਾਤ ਨਵੀਂ ਮੁੰਬਈ ਦੇ ਡਾ. ਡੀ.ਵਾਈ. ਪਾਟਿਲ ਸਪੋਰਟਸ ਅਕੈਡਮੀ ਵਿੱਚ ਖੇਡੇ ਗਏ ਇੱਕ ਰੋਮਾਂਚਕ ਸੈਮੀਫਾਈਨਲ ਮੈਚ ਵਿੱਚ, ਆਸਟ੍ਰੇਲੀਆ ਨੂੰ 5 ਵਿਕਟਾਂ ਨਾਲ ਹਰਾ ਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ। 339 ਦੌੜਾਂ ਦੇ ਟੀਚੇ ਦਾ ਪਿੱਛਾ ਕਰਦੇ ਹੋਏ, ਭਾਰਤ ਨੇ 5 ਵਿਕਟਾਂ ਅਤੇ 9 ਗੇਂਦਾਂ ਬਾਕੀ ਰਹਿੰਦਿਆਂ ਟੀਚਾ ਪ੍ਰਾਪਤ ਕਰ ਲਿਆ। ਜੇਮੀਮਾ ਰੌਡਰਿਗਜ਼ ਨੂੰ 'ਪਲੇਅਰ ਆਫ ਦ ਮੈਚ' ਚੁਣਿਆ ਗਿਆ। ਹੁਣ ਐਤਵਾਰ ਨੂੰ ਨਵੀਂ ਮੁੰਬਈ ਦੇ ਡਾ. ਡੀ.ਵਾਈ. ਪਾਟਿਲ ਸਪੋਰਟਸ ਅਕੈਡਮੀ ਵਿੱਚ ਭਾਰਤ ਦਾ ਮੁਕਾਬਲਾ ਦੱਖਣੀ ਅਫਰੀਕਾ ਦਾ ਸਾਹਮਣਾ ਕਰੇਗਾ। ਇਸ ਤੋਂ ਪਹਿਲਾਂ, ਦੱਖਣੀ ਅਫਰੀਕਾ ਨੇ ਗੁਹਾਟੀ ਵਿੱਚ ਪਹਿਲੇ ਸੈਮੀ-ਫਾਈਨਲ ਵਿੱਚ ਇੰਗਲੈਂਡ ਨੂੰ 125 ਦੌੜਾਂ ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚਿਆ ਸੀ।

--------------------------------------------------------------------------